# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 11-11-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤੀ ਨੌਜਵਾਨਾਂ ਦੀ ਕਾਬਲੀਅਤ ਤੋਂ ਪੂਰੀ ਦੁਨੀਆ ਆਕਰਸ਼ਿਤ ਏ। ਉਨ੍ਹਾਂ ਕਿਹਾ ਕਿ ਅੱਜ ਦੁਨੀਆ ਦੇ ਜ਼ਿਆਦਾਤਰ ਨੇਤਾ, ਭਾਰਤੀ ਨੌਜਵਾਨਾਂ, ਹੁਨਰਮੰਦ ਮਨੁੱਖੀ ਵਸੀਲਿਆਂ ਤੋਂ, ਉਨ੍ਹਾਂ ਦੇ ਮੁਲਕਾਂ ਵਿੱਚ ਕੰਮ ਕਰਨ ਦੀ ਉਮੀਦ ਰੱਖਦੇ ਨੇ। ਅੱਜ ਸਵੇਰੇ ਵੀਡੀਓ ਕਾਨਫਰੰਸਿੰਗ ਰਾਹੀਂ ਗੁਜਰਾਤ ਦੇ ਵਡਤਾਲ ਵਿੱਚ, ਸ੍ਰੀ ਸਵਾਮੀ-ਨਾਰਾਇਣ ਮੰਦਰ ਦੀ 200ਵੀਂ ਵਰ੍ਹੇਗੰਢ ਦੇ ਜਸ਼ਨਾਂ ਮੌਕੇ ਇੱਕ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ, ਉਨ੍ਹਾਂ ਕਿਹਾ। ਸ੍ਰੀ ਮੋਦੀ ਨੇ ਕਿਹਾ ਕਿ ਸਾਡੇ ਨੌਜਵਾਨਾਂ ਦੀ ਵਿਸ਼ਵ-ਵਿਆਪੀ ਮੰਗ ਹੋਰ ਵਧਣ ਜਾ ਰਹੀ ਏ। ਉਨ੍ਹਾਂ ਕਿਹਾ ਕਿ ਵਿਕਸਤ ਭਾਰਤ ਲਈ ਨੌਜਵਾਨਾਂ ਨੂੰ ਸਸ਼ਕਤ ਬਣਾਉਣਾ ਚਾਹੀਦਾ ਏ ਅਤੇ ਹੁਨਰਮੰਦ ਨੌਜਵਾਨ, ਦੇਸ਼ ਦੀ

ਸਭ ਤੋਂ ਵੱਡੀ ਤਾਕਤ ਬਣਨਗੇ। BYTE: ਪ੍ਰਧਾਨ ਮੰਤਰੀ ਨੇ ਦੇਸ਼ ਵਾਸੀਆਂ ਨੂੰ ਇੱਕ ਵਿਕਸਤ ਭਾਰਤ ਦੇ ਦ੍ਰਿਸ਼ਟੀਕੋਣ ਨੂੰ ਅਪਣਾਉਣ ਅਤੇ ਅਗਲੇ 25 ਸਾਲਾਂ ਵਿੱਚ ਇਸ ਨੂੰ ਪ੍ਰਾਪਤ ਕਰਨ ਵਿੱਚ ਸਰਗਰਮੀ ਨਾਲ ਯੋਗਦਾਨ ਪਾਉਣ ਦੀ ਅਪੀਲ ਕੀਤੀ । ਉਨ੍ਹਾਂ ਨੇ ਹੁਨਰਮੰਦ ਕਾਮਿਆਂ ਦੀ ਨਵੀਂ ਪੀੜ੍ਹੀ ਨੂੰ ਵਿਕਸਤ ਕਰਨ ਲਈ ਸਰਕਾਰ ਦੇ ਠੋਸ ਯਤਨਾਂ ਨੂੰ ਉਜਾਗਰ ਕੀਤਾ। ਪ੍ਰਧਾਨ ਮੰਤਰੀ ਨੇ ਸਿੱਖਿਆ, ਹੁਨਰ ਵਿਕਾਸ, ਨਸ਼ਾ ਛੁਡਾਉਣ ਅਤੇ ਆਧੁਨਿਕਤਾ ਨਾਲ ਅਧਿਆਤ-ਮਿਕਤਾ ਦਾ ਸੁਮੇਲ ਕਰਕੇ, ਨਵੀਂ ਪੀੜ੍ਹੀ ਦੀ ਸਿਰਜਣਾ ਵਿੱਚ ਸਵਾਮੀ-ਨਾਰਾਇਣ ਪੰਥ ਦੇ ਮਹੱਤਵਪੂਰਨ ਯੋਗਦਾਨ ਦੀ ਵੀ ਸ਼ਲਾਘਾ ਕੀਤੀ ।

---------------------------------------------------------------

ਜਸਟਿਸ ਸੰਜੀਵ ਖੰਨਾ ਨੇ ਅੱਜ ਭਾਰਤ ਦੇ 51ਵੇਂ ਚੀਫ਼ ਜਸਟਿਸ ਵਜੋਂ ਸਹੁੰ ਚੁੱਕੀ । ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਰਾਸ਼ਟਰਪਤੀ ਭਵਨ ਵਿੱਚ ਇੱਕ ਸਮਾਰੋਹ ਵਿੱਚ ਜਸਟਿਸ ਖੰਨਾ ਨੂੰ ਅਹੁਦੇ ਦੀ ਸਹੁੰ ਚੁਕਾਈ । ਜਸਟਿਸ ਸੰਜੀਵ ਖੰਨਾ ਨੇ ਜਸਟਿਸ ਡੀ.ਵਾਈ. ਚੰਦਰਚੂੜ ਦੀ ਥਾਂ ਇਹ

ਅਹੁਦਾ ਸੰਭਾਲਿਆ ਐ। ਉਪ ਰਾਸ਼ਟਰਪਤੀ ਜਗਦੀਪ ਧਨਖੜ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਕਈ ਕੇਂਦਰੀ ਮੰਤਰੀ ਅਤੇ ਸੁਪਰੀਮ ਕੋਰਟ ਦੇ ਜੱਜਾਂ ਸਮੇਤ ਹੋਰ ਸ਼ਖ਼ਸੀਅਤਾਂ ਨੇ ਵੀ ਸਮਾਰੋਹ ਮੌਕੇ ਸ਼ਿਰਕਤ ਕੀਤੀ।

-----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਆਜ਼ਾਦ ਭਾਰਤ ਦੇ ਪਹਿਲੇ ਸਿੱਖਿਆ ਮੰਤਰੀ ਮੌਲਾਨਾ ਅਬੁਲ ਕਲਾਮ ਆਜ਼ਾਦ ਨੂੰ, ਉਨ੍ਹਾਂ ਦੀ ਜਯੰਤੀ 'ਤੇ ਸ਼ਰਧਾਂਜਲੀ ਭੇਟ ਕੀਤੀ।

ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਮੌਲਾਨਾ ਆਜ਼ਾਦ ਨੂੰ ਗਿਆਨ ਦੇ ਚਾਨਣ ਮੁਨਾਰੇ ਵਜੋਂ ਅਤੇ ਭਾਰਤ ਦੀ ਆਜ਼ਾਦੀ ਅੰਦੋਲਨ ਵਿੱਚ ਉਨ੍ਹਾਂ ਦੀ ਭੂਮਿਕਾ ਲਈ ਯਾਦ ਕੀਤਾ ਜਾਂਦਾ ਏ। ਸ੍ਰੀ ਮੋਦੀ ਨੇ ਕਿਹਾ ਕਿ ਉਹ, ਇੱਕ ਡੂੰਘੇ ਵਿਚਾਰਕ ਅਤੇ ਉੱਘੇ ਲੇਖਕ ਵੀ ਸਨ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸਰਕਾਰ ਵਿਕਸਿਤ ਅਤੇ ਸਸ਼ਕਤ ਭਾਰਤ ਲਈ, ਉਨ੍ਹਾਂ ਦੇ ਵਿਜ਼ਨ ਤੋਂ ਪ੍ਰੇਰਿਤ ਏ।

-----------------------------------------------------------

ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੋੜੀ ਨੇ

ਪਰਿਵਾਰ ਸਮੇਤ ਅਯੁੱਧਿਆ ਸਥਿਤ ਸ੍ਰੀ ਰਾਮ ਮੰਦਰ ਵਿਖੇ ਮੱਥਾ ਟੇਕਿਆ। ਡਿਪਟੀ ਸਪੀਕਰ ਰੋੜੀ ਨੇ ਕਿਹਾ ਕਿ ਭਗਵਾਨ ਸ੍ਰੀ ਰਾਮ ਜੀ ਦੀ ਪਵਿੱਤਰ ਧਰਤੀ ’ਤੇ ਜਾਣਾ ਉਨ੍ਹਾਂ ਦੀ ਦਿਲੀਂ ਇੱਛਾ ਸੀ , ਜੋ ਹੁਣ ਰਾਮ ਲੱਲਾ ਦੇ ਆਸ਼ੀਰਵਾਦ ਨਾਲ ਪੂਰੀ ਹੋ ਗਈ ਐ। ਉਨ੍ਹਾਂ ਕਿਹਾ ਕਿ ਭਗਵਾਨ ਰਾਮਚੰਦਰ ਜੀ ਦਾ ਆਸ਼ੀਰਵਾਦ ਸਾਡੇ ਸਾਰਿਆਂ ‘ਤੇ ਹਮੇਸ਼ਾ ਬਣਿਆ ਰਹੇਗਾ ਅਤੇ ਉਹ ਜ਼ਿੰਦਗੀ ਭਰ ਸਾਡੀ ਰੱਖਿਆ ਅਤੇ ਮਾਰਗਦਰਸ਼ਨ ਕਰਦੇ ਰਹਿਣਗੇ।

---------------------------------------------------

ਲੁਧਿਆਣਾ ਤੋਂ ਜਲੰਧਰ ਆਉਂਦੇ ਸਮੇਂ ਗੁਰਾਇਆ-ਫਗਵਾੜਾ ਵਿਚਾਲੇ ਅਜਮੇਰ-ਅੰਮ੍ਰਿਤਸਰ ਐਕਸਪ੍ਰੈੱਸ ਦੇ ਐੱਸ - 4 ਕੋਚ ਦੀ ਬ੍ਰੇਕ ਜਾਮ ਹੋ ਗਈ ਅਤੇ ਕੋਚ ਦੇ ਹੇਠਾਂ ਅੱਗ ਲੱਗ ਗਈ। ਅੱਗ ਲੱਗਣ ਤੋਂ ਬਾਅਦ ਮੌਲੀ ਦੇ ਸਟੇਸ਼ਨ ਮਾਸਟਰ ਸੰਦੀਪ ਕੁਮਾਰ ਨੇ ਇਸ ਦੀ ਸੂਚਨਾ ਐੱਸਪੀਐੱਲ 81 ਨੂੰ ਦਿੱਤੀ ਤੇ ਰੇਲਗੱਡੀ ਨੂੰ ਲਾਲ ਸਿਗਨਲ ਦਿਖਾ ਕੇ ਰੋਕਿਆ ਗਿਆ ਅਤੇ ਕੋਚ ਦੇ ਹੇਠਾਂ ਲੱਗੀ ਅੱਗ ਨੂੰ ਬੁਝਾਇਆ ਗਿਆ। ਖੁਸ਼ਕਿਸਮਤੀ ਰਹੀ ਕਿ ਹਾਦਸੇ ਵਿੱਚ ਕੋਈ ਜਾਨੀ ਨੁਕਸਾਨ ਨਹੀਂ

ਹੋਇਆ। ਕਾਫੀ ਦੇਰ ਰੁਕਣ ਤੋਂ ਬਾਅਦ ਟਰੇਨ ਨੂੰ ਰਵਾਨਾ ਕੀਤਾ ਗਿਆ।

---------------------------------------------------

ਬਠਿੰਡਾ ਦੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਕਿਹੈ ਕਿ ਜ਼ਿਲ੍ਹੇ ਦੇ ਬਿਲਕੁਲ ਵੀ ਨਾ ਪਰਾਲੀ ਸੜਨ ਵਾਲੇ ਪਿੰਡਾਂ ਦੀਆਂ ਪੰਚਾਇਤਾਂ ਨੂੰ 5 ਲੱਖ ਰੁਪਏ ਦੀ ਸਪੈਸ਼ਲ ਗਰਾਂਟ ਦਿੱਤੀ ਜਾਵੇਗੀ । ਡਿਪਟੀ ਕਮਿਸ਼ਨਰ ਨੇ ਸੁਪਰ ਸੀਡਰ ਅਤੇ ਹੈਪੀ ਸੀਡਰ ਵਰਗੀਆਂ ਆਧੁਨਿਕ ਮਸ਼ੀਨਾਂ ਦੀ ਵਰਤੋਂ ਕਰਨ ਵਾਲੇ ਕਿਸਾਨਾਂ ਦੀ ਸ਼ਲਾਘਾ ਕੀਤੀ। ਉਹਨਾਂ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਧੁਨਿਕ ਮਸ਼ੀਨਰੀ ਦੀ ਵਰਤੋਂ ਕਰਨ ਵਾਲੇ ਕਿਸਾਨਾਂ ਤੋਂ ਸੇਧ ਲੈਣ ਅਤੇ ਪਰਾਲੀ ਨੂੰ ਅੱਗ ਨਾ ਲਗਾਉਣ । ਪਰਾਲੀ ਨੂੰ ਅੱਗ ਨਾ ਲਗਾਉਣ ਵਾਲੇ ਕਿਸਾਨਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਾਵੇਗਾ। ਉਹਨਾਂ ਇਹ ਵੀ ਕਿਹਾ ਕਿ ਜ਼ਿਲ੍ਹੇ ਅੰਦਰ ਹਰ ਤਰ੍ਹਾਂ ਦੀ ਆਧੁਨਿਕ ਮਸ਼ੀਨਰੀ ਵੀ ਉਪਲਬਧ ਐ, ਜਿਸ ਕਿਸੇ ਵੀ ਕਿਸਾਨ ਨੂੰ ਲੋੜ ਹੈ ਤਾਂ ਉਹ ਖੇਤੀਬਾੜੀ ਵਿਭਾਗ ਨਾਲ ਰਾਬਤਾ ਕਾਇਮ ਕਰਕੇ ਲੈ ਸਕਦਾ ਐ।

---

ਫ਼ਰੀਦਕੋਟ ਦੇ ਐਸ. ਡੀ. ਐਮ. ਮੇਜਰ ਡਾ. ਵਰੁਣ ਕੁਮਾਰ ਨੇ ਕਿਸਾਨਾਂ ਵੱਲੋਂ ਝੋਨੇ ਦੀ ਪਰਾਲੀ ਅਤੇ ਹੋਰ ਰਹਿੰਦ ਖੂੰਹਦ ਨੂੰ ਖੇਤਾਂ ਵਿੱਚ ਅੱਗ ਲਗਾਉਣ ਤੋਂ ਰੋਕਣ ਲਈ ਜਿਲ੍ਹਾ ਪ੍ਰਸ਼ਾਸ਼ਨ ਵੱਲੋਂ ਨਿਯੁਕਤ ਕਲਸਟਰ ਅਫਸਰਾਂ ਅਤੇ ਨੋਡਲ ਅਫਸਰਾਂ ਨਾਲ ਮੀਟਿੰਗ ਦੌਰਾਨ ਪ੍ਰਗਤੀ ਰਿਪੋਰਟ ਦਾ ਜਾਇਜ਼ਾ ਲਿਆ ਅਤੇ ਜਿਨ੍ਹਾਂ ਨੋਡਲ ਅਫਸਰ ਦੇ ਏਰੀਏ ਵਿੱਚ ਅੱਗ ਲੱਗਣ ਦੀਆਂ ਘਟਨਾਵਾਂ ਵਾਪਰੀਆਂ ਨੇ , ਉਨ੍ਹਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ। ਐਸ.ਡੀ.ਐਮ. ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਵਾਲੇ ਵਿਅਕਤੀਆਂ ਦੇ ਵਿਰੁੱਧ ਐਫ.ਆਈ.ਆਰ ਦਰਜ ਕੀਤੀਆਂ ਗਈਆਂ ਨੇ ਅਤੇ ਉਨ੍ਹਾਂ ਦੇn ਮਾਲ ਰਿਕਾਰਡ ਵਿੱਚ ਰੈੱਡ ਐਂਟਰੀ ਵੀ ਦਰਜ ਕੀਤੀ ਗਈ ਏ। ਉਨ੍ਹਾਂ ਸਮੂਹ ਕਲੱਸਟਰ ਅਫਸਰਾਂ ਨੂੰ ਹਦਾਇਤ ਕੀਤੀ ਕਿ ਉਹ ਆਪਣੇ ਆਪਣੇ ਇਲਾਕੇ ਵਿੱਚ ਕੀਤੀ ਗਈ ਕਾਰਵਾਈ ਦੀ ਰਿਪੋਰਟ ਸਮੇਂ-ਸਮੇਂ ਤੇ ਮੁਹੱਈਆ ਕਰਵਾਉਣ। ਉਨ੍ਹਾਂ ਸਮੂਹ ਕਲੱਸਟਰ ਅਫਸਰਾਂ ਨੂੰ ਹਦਾਇਤ ਕੀਤੀ ਕਿ ਉਹ ਸੈਟੇਲਾਈਟ ਵੱਲੋਂ ਦਿੱਤੇ ਸਪੌਟਾਂ ਤੇ ਨੇ

ਫਾਇਰ ਜ਼ੋਨ ਦੀਆਂ ਤਸਵੀਰਾਂ, ਵੀਡੀਓ ਵੀ ਸਬੂਤ ਵਜੋਂ ਕੋਲ ਰੱਖਣ ਤਾਂ ਜੋ ਕਿਸੇ ਕਿਸਮ ਦੀ ਕੋਈ ਅਣਗਹਿਲੀ ਸਾਹਮਣੇ ਨਾ ਆਵੇ ।

---------------------------------------------------------------

-ਮਾਲੇਰਕੋਟਲਾ ਵਿਚ ਪਰਾਲੀ ਸਾੜਨ ਤੋਂ ਰੋਕਣ ਲਈ ਸਿਵਲ ਅਤੇ ਪੁਲਿਸ ਦੀਆਂ ਸਾਂਝੀਆਂ ਟੀਮਾਂ ਵੱਲੋਂ ਲਗਾਤਾਰ ਜ਼ਿਲ੍ਹੇ ਦੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਗਾਉਣ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਐ । ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਡਾ. ਪੱਲਵੀ ਅਤੇ ਐਸ.ਐਸ.ਪੀ.ਗਗਨ ਅਜੀਤ ਸਿੰਘ ਨੇ ਪਿੰਡ ਸ਼ੇਰਗੜ੍ਹ ਚੀਮਾ, ਕੁਠਾਲਾ, ਦਸੋਧਾ ਸਿੰਘ ਵਾਲਾ, ਕਲਿਆਣ, ਮਹੋਲੀ ਕਲ੍ਹਾਂ, ਮਹੋਲੀਖੁਰਦ, ਬਈਵਾਲਾ, ਫਰਵਾਲੀ, ਸੰਦੋੜ ਆਦਿ ਦੇ ਲੋਕਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਰੋਜ਼ਾਨਾ ਪਿੰਡਾਂ ਵਿੱਚ ਗਠਿਤ ਟੀਮਾਂ ਵੱਲੋਂ ਮਾਰਚ ਕਰਨ ਦਾ ਮਕਸਦ ਲੋਕਾਂ ਵਿੱਚ ਚੌਗਿਰਦੇ ਸਬੰਧੀ ਜਾਗਰੂਕਤਾ ਪੈਦਾ ਕਰਕੇ ਪਰਾਲੀ ਨੂੰ ਅੱਗ ਲਾਉਣ ਦੀਆਂ ਘਟਨਾਵਾਂ ਨੂੰ ਘਟਾਉਣਾ ਅਤੇ ਇਨ-ਸੀਟੂ ਤੇ ਐਕਸ-ਸੀਟੂ ਰਾਹੀਂ ਪਰਾਲੀ ਦੇ ਪ੍ਰਬੰਧਨ

ਲਈ ਪ੍ਰੇਰਿਤ ਕਰਨਾ ਐ। ਇਸ ਮਾਰਚ ਦੌਰਾਨ ਫਾਇਰਬ੍ਰਿਗੇਡ ਦੀ ਮਦਦ ਨਾਲ ਅੱਗ ਵੀ ਬੁਝਵਾਈ ਗਈ।